ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ ਮੋਗਾ

# ਬੈਕ ਅਧਿਕਾਰੀ ਆਰਥਿਕ ਤੌਰ 'ਤੇ ਪਛੜੇ ਵਰਗਾਂ, ਬੇਰੋਜ਼ਗਾਰਾਂ ਅਤੇ ਆਰਸੇਟੀ ਸਿਖਿਆਰਥੀਆਂ ਨੂੰ ਪਹਿਲ ਦੇ ਅਧਾਰ ਤੇ ਕਰਜ਼ੇ ਦੇਣ ਨੂੰ ਯਕੀਨੀ ਬਣਾਉਣ-ਥਿੰਦ

- **ਬੈਂਕ ਅਧਿਕਾਰੀਆਂ ਨੂੰ ਸਰਕਾਰੀ ਸਕੀਮਾਂ ਪਾਰਦਰਸ਼ੀ ਅਤੇ ਇਮਾਨਦਾਰੀ ਨਾਲ ਲਾਗੂ ਕਰਨ ਦੀ ਵੀ ਕੀਤੀ ਹਦਾਇਤ**
- **ਪੰਜਾਬ ਐਂਡ ਸਿੰਧ ਲੀਡ ਬੈਂਕ ਮੋਗਾ ਦੀ ਜ਼ਿਲ੍ਹਾ ਪੱਧਰੀ ਤਿਮਾਹੀ ਰੀਵਿਊ ਮੀਟਿੰਗ ਦੀ ਕੀਤੀ ਪ੍ਰਧਾਨਗੀ**

ਮੋਗਾ 22 ਮਾਰਚਃ

ਬੈਂਕ ਅਧਿਕਾਰੀ ਆਰਥਿਕ ਤੌਰ 'ਤੇ ਪਛੜੇ ਵਰਗਾਂ, ਬੇਰੋਜ਼ਗਾਰਾਂ ਅਤੇ ਆਰਸੇਟੀ ਤੋਂ ਟ੍ਰੇਨਿੰਗ ਪ੍ਰਾਪਤ ਸਿਖਿਆਰਥੀਆਂ ਨੂੰ ਪਹਿਲ ਦੇ ਆਧਾਰ 'ਤੇ ਫੌਤੌਰ 'ਤੇ ਕਰਜੇਮੁਹੱਈਆ ਕਰਵਾਉਣ ਨੂੰ ਯਕੀਨੀ ਬਣਾਉਣ।

ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਮੋਗਾ ਸ੍ਰੀ ਪ੍ਰਵੀਨ ਕੁਮਾਰ ਥਿੰਦ ਨੇ ਲੀਡ ਬੈੱਕ ਮੋਗਾ ਦੀ ਜ਼ਿਲ੍ਹਾ ਪੱਧਰੀ ਤਿਮਾਹੀ ਰੀਵਿਊ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਅਜੇ ਕੁਮਾਰ ਸੂਦ, ਸਹਾਇਕ ਕਮਿਸ਼ਨਰ ਡਾਃ ਪਾਲਿਕਾ ਅਰੋੜਾ ਅਤੇ ਸਵਰਨਜੀਤ ਸਿੰਘ ਗਿੱਲ ਚੀਫ਼ ਲੀਡ ਬੈਂਕ ਮੈਨੇਜਰ ਮੋਗਾ ਵੀ ਹਾਜ਼ਰ ਸਨ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਸ੍ਰੀ ਥਿੰਦ ਨੇ ਬੈਂਕ ਅਧਿਕਾਰੀਆਂ ਨੂੰ ਸਰਕਾਰੀ ਸਕੀਮਾਂ ਪਾਰਦਰਸ਼ੀ ਅਤੇ ਇਮਾਨਦਾਰੀ ਨਾਲ ਲਾਗੂ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਬੈਂਕ ਅਧਿਕਾਰੀਆਂ ਨੂੰ ਵਿਸਥਾਰ ਸਹਿਤ ਕਾਰਗੁਜ਼ਾਰੀ ਰਿਪੋਰਟਾਂ ਅਗਲੇ ਹਫ਼ਤੇ ਪੁਨਰ ਵਿਚਾਰ ਮੀਟਿੰਗ ਹਿਤ ਪੇਸ਼ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ। ਇਸ ਮੌਕੇ ਲੀਡ ਬੈਂਕ ਮੈਨੇਜਰ ਸਵਰਨਜੀਤ ਸਿੰਘ ਗਿੱਲ ਨੇ ਵਿਸਥਾਰ ਪੂਰਵਕ ਰਿਪੋਰਟ ਪੇਸ਼ ਕਰਦਿਆਂ ਕਿਹਾ ਕਿ ਜ਼ਿਲ੍ਹੇ 'ਚ ਤਿਮਾਹੀ ਦਸੰਬਰ, 2016 ਤੱਕ ਜਮ੍ਹਾਂ ਪੂੰਜੀ ਵਿੱਚ 17.46 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਬੈਂਕਾਂ ਦੇ ਕੁੱਲ ਵਪਾਰ ਵਿੱਚ 9.02 ਫੀਸਦੀ ਦਾ ਵਾਧਾ ਹੋਇਆ ਹੈ। ਸ੍ਰੀ ਪ੍ਰਕਾਸ਼ ਚੰਦ ਆਰ.ਬੀ.ਆਈ ਚੰਡੀਗੜ੍ਹ ਨੇ ਬੈਂਕ ਦੀਆਂ ਨਵੀਆਂ ਹਦਾਇਤਾਂ ਬਾਰੇ ਜਾਣਕਾਰੀ ਦਿੱਤੀ।

ਇਸ ਮੀਟਿੰਗ ਵਿੱਚ ਨਰਿੰਦਰ ਕੁਮਾਰ ਡੀ ਡੀ ਐਮ ਨਾਬਾਰਡ, ਸਃ ਕੁਲਦੀਪ ਸਿੰਘ ਜਨਰਲ ਮੈਨੇਜਰ ਜ਼ਿਲ੍ਹਾ ਉਦਯੋਗ ਕੇਂਦਰ, ਰਣਦੀਪ ਕੁਮਾਰ ਡਿਪਟੀ ਨਿਰਦੇਸ਼ਕ ਡੇਅਰੀ ਵਿਕਾਸ ਕਾਰਪੋਰੇਸ਼ਨ, ਰਾਮ ਪ੍ਰਵੇਸ਼ ਸਹਾਇਕ ਪ੍ਰੋਜੈਕਟ ਅਫ਼ਸਰ, ਰਣਜੀਤ ਸਿੰਘ ਵਾਲੀਆ ਕੌਂਸਲਰ ਵਿੱਤੀ ਸਲਾਹਕਾਰ ਕੇਂਦਰ ਮੋਗਾ ਅਤੇ ਜ਼ਿਲ੍ਹੇ ਦੇ ਸਮੂਹ ਬੈਕਾਂ ਦੇ ਜ਼ਿਲ੍ਹਾ ਤਾਲਮੇਲ ਅਫ਼ਸਰ ਹਾਜ਼ਰ ਸਨ।

-------

ਨੰ: ਪੀ.ਆਰ(ਪ੍ਰੈ ਰੀ)2017/160





